# ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ
## ਐਸ.ਸੀ.ਓ. ਨੰ: 104-106, ਸੈਕਟਰ 34-ਏ, ਚੰਡੀਗੜ੍ਹ

ਵੱਲ

(1) ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ)/(ਐ.ਸਿ)
ਪੰਜਾਬ।

(2) ਰਾਜ ਦੇ ਸਮੂਹ ਸਕੂਲ ਪ੍ਰਿੰਸੀਪਲ/ਸਕੂਲ ਮੁਖੀ (ਵੈਬਸਾਈਟ ਰਾਹੀਂ)

ਮੀਮੋ ਨੰ: ਡਿ.ਐਸ.ਪੀ.ਡੀ/ਐਸ.ਐਸ.ਏ/2010/39818
ਮਿਤੀ, ਚੰਡੀਗੜ੍ਹ: 01-06-2010

**ਵਿਸ਼ਾ:- ਸਕੂਲਾਂ ਵਿੱਚ ਖਿਡਾਰੀਆਂ ਦੇ ਜਾਅਲੀ ਦਾਖਲੇ ਸੰਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਉਕਤ ਵਿਸ਼ੇ ਸੰਬੰਧੀ ਇਹ ਧਿਆਨ ਵਿੱਚ ਆਇਆ ਹੈ ਕਿ ਪੰਜਾਬ ਦੇ ਸਕੂਲਾਂ ਵਿੱਚ ਸਕੂਲ ਮੁਖੀਆਂ ਵੱਲੋਂ ਡੀ.ਪੀ.ਈ ਅਤੇ ਪੀ.ਟੀ.ਆਈ ਅਧਿਆਪਕਾਂ ਦੀ ਸਹਾਇਤਾ ਨਾਲ ਸਕੂਲ ਦੀਆਂ ਟੀਮਾਂ ਵਿੱਚ ਓਵਰ ਏਜ਼ ਅਤੇ ਬਾਹਰਲੇ ਖਿਡਾਰੀ ਟੀਮਾਂ ਵਿੱਚ ਸ਼ਾਮਿਲ ਕਰਕੇ ਖਿਡਾਏ ਜਾਂਦੇ ਹਨ। ਇਸ ਮੰਤਵ ਲਈ ਉਨਾਂ ਵੱਲੋਂ ਸਕੂਲਾਂ ਵਿੱਚ ਦੋਹਰੇ ਦਾਖਲਾ ਖਾਰਜ ਰਜਿਸਟਰ ਲਗਾ ਲਏ ਜਾਂਦੇ ਹਨ ।ਜੋ ਕਿ ਸਿੱਖਿਆ ਵਿਭਾਗ ਦੇ ਨਿਯਮਾਂ ਦੀ ਉਲੰਘਣਾ ਹੈ ਅਤੇ ਇਸਦਾ ਦਫਤਰ ਵੱਲੋਂ ਵੀ ਇਸ ਪ੍ਰੈਕਟਿਸ ਦਾ ਗੰਭੀਰ ਨੋਟਿਸ ਲਿਆ ਗਿਆ ਹੈ।

3.0 ਇਸ ਸੰਬੰਧ ਵਿੱਚ ਆਪ ਜੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਆਪ ਜੀ ਦੇ ਜਿਲ੍ਹੇ/ਸਕੂਲਾਂ ਦੇ ਵਿੱਚ ਇਸ ਤਰ੍ਹਾਂ ਦੇ ਵਿਦਿਆਰਥੀਆਂ ਦੀ ਉਮਰ ਵਿੱਚ ਗੈਰ-ਕਾਨੂੰਨੀ ਢੰਗ ਨਾਲ ਘਾਟਾ ਵਾਧਾ ਕੀਤਾ ਜਾਂਦਾ ਹੈ ਤਾਂ ਉਸ ਦੀ ਪੂਰੀ ਜ਼ਿੰਮੇਵਾਰੀ ਆਪ ਜੀ ਦੀ ਹੋਵੇਗੀ। ਜੇਕਰ ਇਸ ਤਰ੍ਹਾ ਦਾ ਕੋਈ ਕੇਸ ਸਰਕਾਰ ਦੇ ਧਿਆਨ ਵਿੱਚ ਆਉਂਦਾ ਹੈ ਤਾਂ ਨਿਯਮਾਂ ਅਨੁਸਾਰ ਜਿੰਮੇਵਾਰੀ ਫਿਕਸ ਕਰਦੇ ਹੋਇਆਂ ਸਖਤ ਕਾਰਵਾਈ ਕੀਤੀ ਜਾਵੇਗੀ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ ਚੰਡੀਗੜ੍ਹ**

ਪਿੱਠ ਅੰਕਣ ਨੰ. ਡਿਪਟੀ.ਐਸ.ਪੀ.ਡੀ/ਐਸ.ਐਸ.ਏ/2010/ਉਕਤ ਮਿਤੀ, ਚੰਡੀਗੜ੍ਹ: 01-06-2010

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਮੰਡਲ ਸਿੱਖਿਆ ਅਫਸਰ ਨਾਭਾ, ਜਲੰਧਰ ਅਤੇ ਫਰੀਦਕੋਟ।
2. ਸਮੂਹ ਕੰਪੋਨੈਂਟ ਹੈੱਡਜ਼ ਦਫਤਰ ਸਰਵ ਸਿੱਖਿਆ ਅਭਿਆਨ, ਪੰਜਾਬ ਨੂੰ ਲਿਖਿਆ ਜਾਂਦਾ ਹੈ ਕਿ ਸਮੇਂ-ਸਮੇਂ ਤੇ ਜਦੋਂ ਵੀ ਆਪ ਸਕੂਲਾਂ ਦਾ ਨਿਰੀਖਣ ਕਰਨ ਜਾਂਦੇ ਹੋ ਤਾਂ ਉਪਰੋਕਤ ਸੰਬੰਧੀ ਚੰਗੀ ਤਰ੍ਹਾਂ ਘੋਖ ਕਰ ਲਈ ਜਾਵੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ ਚੰਡੀਗੜ੍ਹ**